# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-06-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਪੇਪਰ ਲੀਕ ਦੀਆਂ ਹਾਲੀਆ ਘਟਨਾਵਾਂ ਦੀ ਨਿਰਪੱਖ ਜਾਂਚ ਲਈ, ਸਰਕਾਰ ਪੂਰੀ ਤਰ੍ਹਾਂ ਵਚਨਬੱਧ ਏ ਅਤੇ ਇਹ ਯਕੀਨੀ ਬਣਾਇਆ ਏ ਕਿ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇਗੀ।
- ਕੇਂਦਰੀ ਜਾਂਚ ਬਿਊਰੋ ਨੇ NEET- UG ਪ੍ਰੀਖਿਆ 'ਚ ਕਥਿਤ ਬੇਨਿਯਮੀਆਂ ਦੇ ਸਬੰਧ ਵਿੱਚ, ਪਟਨਾ ਤੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ।
- ਪੰਜਾਬ ਦੇ ਕਈ ਜ਼ਿਲਿਆਂ ਵਿਚ ਅੱਜ ਪਏ ਹਲਕੇ ਤੋਂ ਦਰਮਿਆਨੇ ਮੀਂਹ ਨਾਲ, ਮੌਸਮ ਖੁਸ਼ਗਵਾਰ ਬਣਿਆ, ਆਉਂਦੇ ਦਿਨਾਂ ਲਈ ਮੌਸਮ ਵਿਭਾਗ ਨੇ ਭਾਰੀ ਮੀਂਹ ਪੈਣ ਦੀ ਚੇਤਾਵਨੀ ਦਿੱਤੀ।

- ਮਰਦਾਂ ਦੇ ਆਈ ਸੀ ਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਦੂਜੇ ਸੈਮੀਫਾਈਨਲ ਵਿੱਚ, ਅੱਜ ਰਾਤ ਭਾਰਤ ਦਾ ਮੁਕਾਬਲਾ ਮੌਜੂਦਾ ਚੈਂਪੀਅਨ ਇੰਗਲੈਂਡ ਨਾਲ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਜ਼ੋਰ ਦੇ ਕੇ ਕਿਹਾ ਏ ਕਿ ਸਰਕਾਰ ਪੇਪਰ ਲੀਕ ਦੀਆਂ ਹਾਲੀਆ ਘਟਨਾਵਾਂ ਦੀ ਨਿਰਪੱਖ ਜਾਂਚ ਲਈ ਪੂਰੀ ਤਰ੍ਹਾਂ ਵਚਨਬੱਧ ਏ ਅਤੇ ਇਹ ਯਕੀਨੀ ਬਣਾਇਆ ਏ, ਕਿ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇਗੀ। ਨਵੀਂ ਦਿੱਲੀ ਵਿਚ ਅੱਜ ਸਵੇਰੇ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਰੋਕਣ ਲਈ, ਪਾਰਟੀ ਸਿਆਸਤ ਤੋਂ ਉੱਪਰ ਉੱਠ ਕੇ ਦੇਸ਼ ਭਰ ਵਿੱਚ ਠੋਸ ਕਦਮ ਚੁੱਕਣੇ ਜ਼ਰੂਰੀ ਨੇ। ਖੇਤੀਬਾੜੀ ਸੈਕਟਰ ਨੂੰ ਦਿੱਤੀਆਂ ਗਈਆਂ ਤਰਜੀਹਾਂ ਬਾਰੇ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਪਿੰਡਾਂ ਵਿੱਚ ਖੇਤੀ ਆਧਾਰਿਤ ਉਦਯੋਗ, ਡੇਅਰੀ ਅਤੇ ਮੱਛੀ ਪਾਲਣ ਆਧਾਰਿਤ ਉਦਯੋਗਾਂ ਦਾ ਵਿਸਥਾਰ ਕੀਤਾ ਜਾ ਰਿਹਾ ਏ। ਉਨਾਂ ਕਿਹਾ ਕਿ ਛੋਟੇ ਕਿਸਾਨਾਂ ਦੀ ਇੱਕ

ਵੱਡੀ ਸਮੱਸਿਆ ਭੰਡਾਰਨ ਨਾਲ ਸਬੰਧਤ ਏ ਅਤੇ ਕੇਂਦਰ ਨੇ ਸਹਿਕਾਰੀ ਖੇਤਰ ਵਿੱਚ, ਵਿਸ਼ਵ ਦੀ ਸਭ ਤੋਂ ਵੱਡੀ ਭੰਡਾਰ ਸਮਰੱਥਾ ਬਣਾਉਣ ਲਈ ਇੱਕ ਯੋਜਨਾ 'ਤੇ ਕੰਮ ਸ਼ੁਰੂ ਕੀਤਾ ਏ।

-------------------------------------------------

ਕੇਂਦਰੀ ਜਾਂਚ ਬਿਊਰੋ CBI ਨੇ NEET- UG ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਦੇ ਸਬੰਧ ਵਿੱਚ, ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ। ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਨੂੰ ਬਿਹਾਰ ਦੇ ਪਟਨਾ ਤੋਂ ਗ੍ਰਿਫਤਾਰ ਕੀਤਾ ਗਿਆ ਏ। NEET- UG ਪੇਪਰ ਲੀਕ ਮਾਮਲੇ ਦੀ ਜਾਂਚ ਰਸਮੀ ਤੌਰ 'ਤੇ ਸੰਭਾਲਣ ਵਾਲੀ, CBI ਨੇ ਸੋਮਵਾਰ ਨੂੰ ਬਿਹਾਰ ਪੁਲਿਸ ਦੀ ਆਰਥਿਕ ਅਪਰਾਧ ਇਕਾਈ ਦੇ ਦਫ਼ਤਰ ਦਾ ਦੌਰਾ ਕੀਤਾ ਅਤੇ ਇਸ ਸਬੰਧ ਵਿੱਚ ਜਾਂਚ ਸ਼ੁਰੂ ਕੀਤੀ।

-------------------------------------------------

ਇਸ ਦੌਰਾਨ ਕੇਂਦਰ ਸਰਕਾਰ ਵਲੋਂ ਪੇਪਰ ਲੀਕ ਮਾਮਲੇ ਵਿਚ ਕੀਤੀ ਗਈ ਤੁਰੰਤ ਕਾਰਵਾਈ ਉੱਤੇ, ਆਮ ਲੋਕ ਕਾਫੀ ਸੰਤੁਸ਼ਟ ਨੇ। ਸੂਬੇ ਦੇ

ਵੱਖ ਵੱਖ ਜ਼ਿਲਿਆਂ ਦੇ ਲੋਕਾਂ ਦਾ ਕਹਿਣਾ ਏ, ਕਿ ਕੇਂਦਰ ਸਰਕਾਰ ਵਲੋਂ ਕੀਤੀ ਜਾ ਰਹੀ ਕਾਰਵਾਈ ਸ਼ਲਾਘਾਯੋਗ ਏ।

---------------------------------------------------------------------

ਭਾਰਤ ਵਿੱਚ ਆਇਰਲੈਂਡ ਦੇ ਰਾਜਦੂਤ ਕੇਵਿਨ ਕੈਲੀ ਨੇ, ਆਪਣੇ ਤਿੰਨ ਸੀਨੀਅਰ ਸਾਥੀਆਂ ਸਮੇਤ ਅੱਜ ਚੰਡੀਗੜ੍ਹ ਵਿਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਮੁਲਾਕਾਤ ਕੀਤੀ। ਪੰਜਾਬ ਵਿਧਾਨ ਸਭਾ ਵਿੱਚ ਹੋਈ ਮੁਲਾਕਾਤ ਦੌਰਾਨ ਦੋਵਾਂ ਆਗੂਆਂ ਨੇ ਭਾਰਤ ਅਤੇ ਆਇਰਲੈਂਡ ਦਰਮਿਆਨ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ‘ਤੇ ਜ਼ੋਰ ਦਿੱਤਾ। ਸਪੀਕਰ ਸੰਧਵਾਂ ਨੇ ਪੰਜਾਬ ਅਤੇ ਆਇਰਲੈਂਡ ਦਰਮਿਆਨ ਖੇਤੀਬਾੜੀ, ਉਦਯੋਗ , ਤਕਨਾਲੋਜੀ ਅਤੇ ਹੋਰਨਾਂ ਖੇਤਰਾਂ ਵਿੱਚ ਠੋਸ ਸਹਿਯੋਗ ਦੀ ਜਰੂਰਤ ਦੱਸੀ। ਦੋਵਾਂ ਆਗੂਆਂ ਨੇ ਆਪਸੀ ਵਿਚਾਰ-ਵਟਾਂਦਰੇ ਮਗਰੋਂ ਕਿਹਾ ਕਿ ਦੋਵੇਂ ਦੇਸ਼, ਵੱਖ-ਵੱਖ ਖੇਤਰਾਂ ‘ਚ ਗਿਆਨ ਅਤੇ ਤਕਨਾਲੋਜੀ ਦੇ ਆਪਸੀ ਅਦਾਨ-ਪ੍ਰਦਾਨ ਤੋਂ ਲਾਭ ਲੈ ਸਕਦੇ ਨੇ। ਸਪੀਕਰ ਸੰਧਵਾਂ ਨੇ ਕੇਵਿਨ ਕੈਲੀ ਨੂੰ ਆਇਰਲੈਂਡ ਦੀਆਂ ਕੰਪਨੀਆਂ ਨੂੰ, ਪੰਜਾਬ ਵਿੱਚ ਨਿਵੇਸ਼ ਕਰਨ ਹਿੱਤ ਪ੍ਰੇਰਿਤ ਕਰਨ ਲਈ ਵੀ

ਕਿਹਾ । ਕੇਵਿਨ ਕੈਲੀ ਨੇ ਆਇਰਲੈਂਡ ਅਤੇ ਭਾਰਤ ਦੇ ਇਤਿਹਾਸਕ ਸਬੰਧਾਂ ਨੂੰ ਯਾਦ ਕੀਤਾ ਅਤੇ ਪੰਜਾਬੀਆਂ ਦੇ ਮਿਹਨਤ ਕਰਨ ਵਾਲੇ ਜਜ਼ਬੇ ਦੀ ਵੀ ਸ਼ਲਾਘਾ ਕੀਤੀ।

-------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਕਾਨੂੰਨ, ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਇਨਾਂ ਬਾਰੇ ਕਾਨੂੰਨ ਮਾਹਰ ਕਾਫੀ ਆਸਵੰਦ ਨੇ ਅਤੇ ਇਨਾਂ ਨੂੰ ਸਮੇਂ ਮੁਤਾਬਕ ਬਣਾਇਆ ਮੰਨਦੇ ਨੇ।

-------------------------------------------------------

ਪੰਜਾਬ ਵਿਚ ਜਲੰਧਰ ਸਮੇਤ ਕਈ ਜ਼ਿਲਿਆਂ ਵਿਚ ਅੱਜ ਤੜਕੇ ਹਲਕੇ ਤੋਂ ਦਰਮਿਆਨਾ ਮੀਂਹ ਪਿਆ, ਜਿਸ ਨਾਲ ਮੌਸਮ ਬੇਹੱਦ ਹੀ ਖੁਸ਼ਗਵਾਰ ਬਣ ਗਿਆ ਏ। ਦੁਪਹਿਰ ਤਕ ਤਾਂ ਕਈ ਜ਼ਿਲਿਆਂ ਵਿਚ ਬੱਦਲਵਾਈ ਬਣੀ ਰਹੀ ਪਰ ਮਗਰੋਂ ਧੁੱਪ ਨਿਕਲ ਆਈ। ਲੋਕਾਂ ਨੂੰ ਅੱਤ ਦੀ ਗਰਮੀ ਤੋਂ ਰਾਹਤ ਮਿਲੀ ਏ ਪਰ ਹੁੰਮਸ ਵੱਧ ਗਈ ਏ। ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜ ਲੰਧਰ ਅਤੇ ਮੋਗਾ ਤੋਂ ਅਲਾਵਾ ਹੋਰਨਾਂ ਸਾਰੇ ਜ਼ਿਲ੍ਹਿਆਂ ਵਿਚ ਅੱਜ ਤੇਜ਼

ਹਵਾਵਾਂ ਨਾਲ ਮੀਂਹ ਪੈਣ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ । ਜਦਕਿ ਭਲਕੇ 28 ਜੂਨ ਤੋਂ ਪਹਿਲੀ ਜੁਲਾਈ ਤਕ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਤੇਜ ਬਾਰਿਸ਼ ਹੋਣ ਸਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਇਸ ਦੌਰਾਨ ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਨੇ ਦੱਸਿਆ ਏ ਕਿ ਮਾਨਸੂਨ ਸੀਜਨ ਦੇ ਮੱਦੇਨਜ਼ਰ, ਅਗੇਤੇ ਹੜ ਰੋਕੂ ਪ੍ਰਬੰਧਾਂ ਦੀ ਲੜੀ ਤਹਿਤ ਜ਼ਿਲ੍ਹੇ ਵਿੱਚ ਫਲੱਡ ਕੰਟਰੋਲ ਰੂਮ ਸਥਾਪਿਤ ਕਰ ਦਿੱਤੇ ਗਏ ਨੇ ।

---------------------------------------------------------------

ਪੈਰਿਸ ਓਲੰਪਿਕ ਲਈ ਉਲਟੀ ਗਿਣਤੀ ਸ਼ੁਰੂ ਹੋ ਗਈ ਏ। ਵੱਖ ਵੱਖ ਟੀਮਾਂ ਦੇ ਖਿਡਾਰੀਆਂ ਦਾ ਐਲਾਨ ਕੀਤਾ ਜਾ ਰਿਹਾ ਏ। ਹਾਕੀ ਟੀਮ ਦਾ ਵੀ ਐਲਾਨ ਕਰ ਦਿੱਤਾ ਗਿਆ ਏ। ਹਰਮਨਪ੍ਰੀਤ ਸਿੰਘ ਇਸ ਦੇ ਕਪਤਾਨ ਹੋਣਗੇ। ***ਹੋਰ ਵੇਰਵੇ ਨਾਲ ਇਹ ਰਿਪੋਰਟ ਡਿਸਪੈਚ: ਦੇਸ਼ ਦੀ ਹਾਕੀ ਟੀਮ ਵਿਚ ਪੰਜਾਬ ਦੇ ਖਿਡਾਰੀਆਂ ਦਾ ਤਕਰੀਬਨ ਹਮੇਸ਼ਾ ਹੀ ਦਬਦਬਾ ਰਿਹਾ ਏ। ਇਸ ਵਾਰ ਵੀ ਪੈਰਿਸ ਓਲੰਪਿਕ ਲਈ ਐਲਾਨੀ ਟੀਮ ਦੇ ਸੋਲਹ ਖਿਡਾਰੀਆਂ ਵਿਚੋਂ ਦਸ ਦਾ ਸੰਬੰਧ ਪੰਜਾਬ ਦੇ ਵੱਖ***

*ਵੱਖ ਜ਼ਿਲਿਆਂ ਨਾਲ ਏ। ਹਾਲਾਂਕਿ 2020 ਦੇ ਟੋਕਿਓ ਓਲੰਪਿਕ ਵਿਚ ਪੰਜਾਬ ਤੋਂ 11 ਖਿਡਾਰੀ ਟੀਮ ਦਾ ਹਿੱਸਾ ਸਨ। ਡਿਫੈਂਡਰ ਹਰਮਨਪ੍ਰੀਤ ਸਿੰਘ ਦੇ ਹੱਥ ਟੀਮ ਦੀ ਵਾਗਡੋਰ ਏ ਜਦਕਿ ਮਿਡ ਫੀਲਡਰ ਹਾਰਦਿਕ ਸਿੰਘ ਉਪ ਕਪਤਾਨ ਬਣਾਏ ਗਏ ਨੇ। ਹਾਕੀ ਦੀ ਨਰਸਰੀ ਵਜੋਂ ਜਾਣੇ ਜਾਂਦੇ ਜਲੰਧਰ ਦੇ ਮਿੱਠਾਪੁਰ ਤੋਂ ਅਲਾਵਾ ਜ਼ਿਲੇ ਦੇ ਵੱਖ ਵੱਖ ਪਿੰਡਾਂ ਦੇ ਚਾਰ ਖਿਡਾਰੀ ਇਸ ਟੀਮ ਦਾ ਹਿੱਸਾ ਬਣੇ ਨੇ। ਖਿਡਾਰੀਆਂ ਦੀ ਚੋਣ ਤੇ ਉਨਾਂ ਦੇ ਮਾਪਿਆਂ ਦੇ ਨਾਲ-ਨਾਲ ਖੇਡ ਪ੍ਰੇਮੀਆਂ ਵਿਚ ਵੀ ਖ਼ੁਸ਼ੀ ਦੀ ਲਹਿਰ ਏ। ਹੁਣ ਸਾਰਿਆਂ ਨੂੰ ਆਸ ਏ ਕਿ ਬੁਲੰਦ ਹੌਸਲਿਆਂ ਵਾਲੀ ਇਹ ਟੀਮ ਪਿਛਲੇ ਓਲੰਪਿਕ ਵਿਚ ਕਾਂਸੇ ਦਾ ਤਮਗਾ ਜਿੱਤਣ ਤੋਂ ਅਗੇ ਵਧਦਿਆਂ ਇਸ ਵਾਰ ਸੋਨੇ ਤੇ ਕਬਜ਼ਾ ਜਰੂਰ ਕਰੇਗੀ ਅਤੇ ਦੁਨੀਆ ਭਰ ਵਿਚ ਦੇਸ਼ ਤੇ ਪੰਜਾਬ ਦਾ ਨਾਮ ਰੋਸ਼ਨ ਕਰੇਗੀ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---

ਮਰਦਾਂ ਦੇ ਆਈ ਸੀ ਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ

ਵਿੱਚ, ਭਾਰਤ ਦਾ ਮੁਕਾਬਲਾ ਅੱਜ ਰਾਤ ਦੂਜੇ ਸੈਮੀਫਾਈਨਲ ਵਿੱਚ ਮੌਜੂਦਾ ਚੈਂਪੀਅਨ ਇੰਗਲੈਂਡ ਨਾਲ ਹੋਵੇਗਾ । ਭਾਰਤੀ ਸਮੇਂ ਅਨੁਸਾਰ, ਇਹ ਮੈਚ ਗੁਆਨਾ ਵਿਖੇ ਰਾਤ 8 ਵਜੇ ਸ਼ੁਰੂ ਹੋਵੇਗਾ। ਟੀਮ ਇੰਡੀਆ ਪੂਰੇ ਟੂਰਨਾਮੈਂਟ 'ਚ ਸ਼ਾਨਦਾਰ ਫਾਰਮ ਵਿਚ ਏ ਕਿਉਂਕਿ ਉਸ ਨੇ ਅਜੇ ਤੱਕ ਇਕ ਵੀ ਮੈਚ ਨਹੀਂ ਹਾਰਿਆ ਏ। ਇਹ ਮੈਚ ਦੋਵਾਂ ਟੀਮਾਂ ਲਈ ਬਹੁਤ ਮਹੱਤਵਪੂਰਨ ਏ ਪਰ ਗੁਆਨਾ ਵਿੱਚ ਅੱਜ ਮੀਂਹ ਦੀਆਂ ਕਾਫੀ ਸੰਭਾਵਨਾਵਾਂ ਦਸੀਆਂ ਜਾ ਰਹੀਆਂ ਨੇ।

----------------------------------------------------

ਬਠਿੰਡਾ ਦੀ ਕਾਊਂਟਰ ਇੰਟੈਲੀਜੈਂਸ ਨੇ ਜ਼ਿਲ੍ਹਾ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਨਾਲ ਸਬੰਧਤ, ਤਿੰਨ ਸ਼ੂਟਰਾਂ ਨੂੰ ਗ੍ਰਿਫਤਾਰ ਕਰਕੇ ਸੂਬੇ ਵਿੱਚ ਸੰਭਾਵਿਤ ਟਾਰਗੇਟ ਕਿਲਿੰਗ ਦੀ ਯੋਜਨਾ ਨੂੰ ਨਾਕਾਮ ਕਰ ਦਿੱਤਾ ਏ। ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੇ ਕਬਜ਼ੇ 'ਚੋਂ, 3 ਪਿਸਤੌਲ ਸਮੇਤ ਛੇ ਜਿੰਦਾ ਕਾਰਤੂਸ ਅਤੇ ਛੇ ਮੈਗਜ਼ੀਨ ਬਰਾਮਦ ਕੀਤੇ ਗਏ ਨੇ ਅਤੇ ਉਨ੍ਹਾਂ ਦੀ ਕਾਰ ਵੀ ਜ਼ਬਤ ਕਰ ਲਈ ਗਈ

ਏ। ਉਨ੍ਹਾਂ ਦੱਸਿਆ ਕਿ ਪੁਲੀਸ ਟੀਮਾਂ ਨੇ ਤਿੰਨਾਂ ਮੁਲਜ਼ਮਾਂ ਨੂੰ, ਉਸ ਵੇਲੇ ਕਾਬੂ ਕੀਤਾ ਜਦੋਂ ਉਹ ਆਪਣੀ ਕਾਰ ਵਿੱਚ, ਮੌੜ ਤੋਂ ਬਠਿੰਡਾ ਵੱਲ ਆ ਰਹੇ ਸਨ।

-----------------------------------------------

ਤਰਨਤਾਰਨ ਜ਼ਿਲੇ ਵਿਚ ਬੀ. ਐਸ. ਐਫ. ਦੀ 103 ਬਟਾਲੀਅਨ ਨੇ, ਸੀਮਾਂ ਚੋਕੀਆਂ ਕਲਸ ਤੇ ਕਾਲੀਆਂ ਅਧੀਨ ਪੈਂਦੇ, ਸਰਹੱਦੀ ਖ਼ੇਤਰ 'ਚ ਕੱਲ ਡਰੋਨ ਸਮੇਤ ਇਕ ਕਿੱਲੋ ਤੋਂ ਵੱਧ ਹੈਰੋਇਨ ਬਰਾਮਦ ਕਰਨ 'ਚ ਸਫ਼ਲਤਾ ਹਾਸਲ ਕੀਤੀ। ਪਹਿਲੀ ਘਟਨਾ ਵਿਚ ਬੀ. ਐਸ. ਐਫ. ਨੇ ਪਿੰਡ ਕਾਲੀਆਂ ਵਿਖੇ, ਇਕ ਕਿਸਾਨ ਦੇ ਝੋਨੇ ਦੇ ਖੇਤ ਵਿਚ ਡਿਗਿਆ, ਪਾਕਿਸਤਾਨ ਵਾਲੇ ਪਾਸਿਓਂ ਆਇਆ ਕਾਲੇ ਰੰਗ ਦਾ ਚੀਨ ਦਾ ਬਣਿਆ ਛੋਟਾ ਡਰੋਨ ਤੇ ਨਾਲ ਬੰਨੇ ਪੈਕਟ 'ਚੋ ਕਰੀਬ 534 ਗ੍ਰਾਮ ਹੈਰੋਇਨ ਬਰਾਮਦ ਕੀਤੀ। ਦੂਜੀ ਘਟਨਾ ਵਿਚ ਪਿੰਡ ਨੂਰਵਾਲਾ 'ਚ ਕਿਸਾਨ ਦੀ ਜ਼ਮੀਨ 'ਚ ਡਰੋਨ ਵਲੋ ਸੁੱਟੇ ਗਏ ਇਕ ਪੈਕਟ ਵਿਚੋਂ ਕਰੀਬ 510 ਗ੍ਰਾਮ ਹੈਰੋਇਨ ਬਰਾਮਦ ਹੋਈ। ਬੀ. ਐਸ. ਐਫ. ਵਲੋ

ਸੰਬੰਧਤ ਥਾਣੇ ਖੇਮਕਰਨ ਤੇ ਵਲਟੋਹਾ 'ਚ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਵਾ ਕੇ ਜਾਂਚ ਕੀਤੀ ਜਾ ਰਹੀ ਏ।

-----------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਪੇਪਰ ਲੀਕ ਦੀਆਂ ਹਾਲੀਆ ਘਟਨਾਵਾਂ ਦੀ ਨਿਰਪੱਖ ਜਾਂਚ ਲਈ, ਸਰਕਾਰ ਪੂਰੀ ਤਰ੍ਹਾਂ ਵਚਨਬੱਧ ਏ ਅਤੇ ਇਹ ਯਕੀਨੀ ਬਣਾਇਆ ਏ ਕਿ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇਗੀ।
- ਕੇਂਦਰੀ ਜਾਂਚ ਬਿਊਰੋ ਨੇ NEET- UG ਪ੍ਰੀਖਿਆ 'ਚ ਕਥਿਤ ਬੇਨਿਯਮੀਆਂ ਦੇ ਸਬੰਧ ਵਿੱਚ, ਪਟਨਾ ਤੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ।
- ਪੰਜਾਬ ਦੇ ਕਈ ਜ਼ਿਲਿਆਂ ਵਿਚ ਅੱਜ ਪਏ ਹਲਕੇ ਤੋਂ ਦਰਮਿਆਨੇ ਮੀਂਹ ਨਾਲ, ਮੌਸਮ ਖੁਸ਼ਗਵਾਰ ਬਣਿਆ, ਆਉਂਦੇ ਦਿਨਾਂ ਲਈ ਮੌਸਮ ਵਿਭਾਗ ਨੇ ਭਾਰੀ ਮੀਂਹ ਪੈਣ ਦੀ ਚੇਤਾਵਨੀ ਦਿੱਤੀ।

- ਮਰਦਾਂ ਦੇ ਆਈ ਸੀ ਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਦੂਜੇ ਸੈਮੀਫਾਈਨਲ ਵਿੱਚ, ਅੱਜ ਰਾਤ ਭਾਰਤ ਦਾ ਮੁਕਾਬਲਾ ਮੌਜੂਦਾ ਚੈਂਪੀਅਨ ਇੰਗਲੈਂਡ ਨਾਲ।